**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**



**ਸਰਦੀ ਦੇ ਮੌਸਮ ਵਿਚ ਠੰਡੀਆਂ ਹਵਾਵਾਂ ਤੋਂ ਬਚਣ ਲਈ ਜ਼ਿਲ੍ਹਾ ਵਾਸੀ ਅਗਾਊ ਪ੍ਰਬੰਧ ਰੱਖਣ ਮੁਕੰਮਲ**

**ਲੱਛਣ ਦਿਖਾਈ ਦੇਣ `ਤੇ ਤੁਰੰਤ ਲਈ ਜਾਵੇ ਡਾਕਟਰੀ ਸਹਾਇਤਾ**

**ਫਾਜ਼ਿਲਕਾ, 6 ਜਨਵਰੀ**

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਕਿਹਾ ਕਿ ਕੋਵਿਡ-19 ਦੀ ਮਹਾਂਮਾਰੀ ਨਾਲ ਸਾਰੀ ਦੁਨੀਆਂ ਪਹਿਲਾਂ ਹੀ ਜੂਝ ਰਹੀ ਹੈ ਤੇ ਹੁਣ ਸਰਦੀ ਦੇ ਮੌਸਮ ਵਿਚ ਠੰਡੀਆਂ ਹਵਾਵਾਂ ਚੱਲਣ ਨਾਲ ਸਿਹਤ ਨਾਲ ਸਬੰਧਤ ਹੋਰ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ। ਇਸ ਲਈ ਸਾਨੂੰ ਸਾਰਿਆਂ ਨੂੰ ਇਸ ਤੋਂ ਬਚਣ ਲਈ ਪਹਿਲਾਂ ਤੋਂ ਹੀ ਤਿਆਰੀਆਂ ਰੱਖਣੀਆਂ ਚਾਹੀਦੀਆਂ ਹਨ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀਆਂ ਨੂੰ ਆਪਣੇ-ਆਪ ਦੇ ਨਾਲ-ਨਾਲ, ਪਸ਼ੂਆਂ ਅਤੇ ਹੋਰਨਾਂ ਵਸਤਾਂ ਦੀ ਸਾਂਭ-ਸੰਭਾਲ ਲਈ ਪਹਿਲਾਂ ਤੋਂ ਪ੍ਰਬੰਧ ਮੁਕੰਮਲ ਕਰਨੇ ਯਕੀਨੀ ਬਣਾਉਣੇ ਚਾਹੀਦੇ ਹਨ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਕੁੰਦਨ ਕੇ ਪਾਲ ਨੇ ਕਿਹਾ ਕਿ ਸ਼ੀਤ ਲਹਿਰ ਦੇ ਸਮੇਂ ਕੋਵਿਡ-19 ਤੋਂ ਬਚਣ ਲਈ ਮਾਸਕ ਲਾਜ਼ਮੀ ਪਾਇਆ ਜਾਵੇ ਅਤੇ ਸੋਸ਼ਲ ਡਿਸਟੈਂਸਿੰਗ ਦਾ ਖਾਸ ਧਿਆਨ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਠੰਡੀਆਂ ਹਵਾਵਾਂ ਤੋਂ ਬਚਣ ਲਈ ਗਰਮ ਕਪੜੇ ਲਾਜ਼ਮੀ ਪਾਏ ਜਾਣ ਅਤੇ ਦਸਤਾਨੇ, ਟੋਪੀ, ਮਫਲਰ ਤੇ ਬੂਟ ਠੰਡੀਆਂ ਹਵਾਵਾਂ ਤੋਂ ਬਚਣ ਵਿਚ ਸਹਾਈ ਹੰੁਦੇ ਹਨ। ਸ਼ੀਤ ਲਹਿਰ ਵਿਚ ਜ਼ਿਆਦਾ ਘੁਟਣ ਵਾਲੇ ਕਪੜੇ ਨਾ ਪਾਏ ਜਾਣ ਕਿਉਂਕਿ ਇਸ ਨਾਲ ਖੁਨ ਦਾ ਪ੍ਰਵਾਹ ਘੱਟ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸ਼ਰੀਰ ਵਿਚ ਬਿਮਾਰੀਆਂ ਨਾਲ ਲੜਨ ਦੀ ਤਾਕਤ ਨੂੰ ਵਧਾਉਣ ਲਈ ਪੋਸ਼ਟਿਕ ਆਹਾਰ ਜਿਵੇਂ ਵਿਟਾਮਿਨ ਸੀ ਨਾਲ ਭਰਪੂਰ ਫਲ ਅਤੇ ਸਬਜੀਆਂ ਆਦਿ ਦੀ ਵਰਤੋਂ ਕੀਤੀ ਜਾਵੇ ਅਤੇ ਜ਼ਰੂਰਤ ਅਨੁਸਾਰ ਗਰਮ ਪਾਣੀ ਦੀ ਵਰਤੋਂ ਕੀਤੀ ਜਾਵੇ। ਸਿਵਲ ਸਰਜਨ ਨੇ ਕਿਹਾ ਕਿ ਸ਼ਰੀਰ ਦਾ ਤਾਪਮਾਨ ਘੱਟ ਹੋਣ, ਨਾ ਰੁਕਣ ਵਾਲੀ ਕੰਬਨ ਲਗਣ, ਯਾਦਦਾਸ਼ਤ ਚੱਲੇ ਜਾਣ, ਬੇਹੋਸ਼ੀ, ਜੁਬਾਨ ਦਾ ਲੜਖੜਾਨਾ ਆਦਿ ਦੇ ਲੱਛਣ ਦਿਖਣ `ਤੇ ਤੁਰੰਤ ਡਾਕਟਰੀ ਇਲਾਜ ਲਿਆ ਜਾਵੇ।ਉਨ੍ਹਾਂ ਕਿਹਾ ਕਿ ਸ਼ੀਤ ਲਹਿਰ ਦੇ ਸਮੇਂ ਵੱਖ-ਵੱਖ ਪ੍ਰਕਾਰ ਦੀਆਂ ਬਿਮਾਰੀਆਂ ਹੋਣ ਦੀ ਸੰਭਾਵਨਾ ਵੱਧ ਜਾਂਦੀ ਹੈ ਜਿਵੇਂ ਕਿ ਫਲੂ ਚਲਣਾ, ਸਰਦੀ, ਖੰਘ ਅਤੇ ਜੁਕਾਮ ਆਦਿ ਦੇ ਲਛਣ ਹੋ ਜਾਣ ਤੇ ਡਾਕਟਰੀ ਸਹਾਇਤਾ ਲਈ ਜਾਵੇ।ਉਨ੍ਹਾ ਕਿਹਾ ਕਿ ਸ਼ੀਤ ਲਹਿਰ ਦੇ ਸਮੇਂ ਕਰੋਨਿਕ ਬਿਮਾਰੀਆਂ ਜਿਵੇਂ ਕਿ ਸ਼ੁਗਰ, ਹਾਈ ਬਲਡ ਪ੍ਰੈਸ਼ਰ ਅਤੇ ਸਾਹ ਦੀ ਤਕਲੀਫ ਦੇ ਮਰੀਜ, 6 ਸਾਲ ਤੋਂ ਘੱਟ ਉਮਰ ਦੇ ਬੱਚੇ, ਗਰਭਵਤੀ ਔਰਤਾਂ ਅਤੇ ਬਜੁਰਗ ਵਿਅਕਤੀ ਜਿਨ੍ਹਾਂ ਦੀ ਉਮਰ 60 ਸਾਲ ਤੋਂ ਵੱਧ ਹੈ ਉਨ੍ਹਾਂ ਦਾ ਖਾਸ ਖਿਆਲ ਰੱਖਿਆ ਜਾਵੇ।

ਡਾ. ਪਾਲ ਨੇ ਕਿਹਾ ਕਿ ਕਮਰੇ ਵਿਚ ਵੈਨਟੀਲੇਸ਼ਨ ਹੋਣ `ਤੇ ਹੀ ਰੂਮ ਹੀਟਰ, ਬਲੌਰ ਆਦਿ ਉਪਕਰਨਾਂ ਦੀ ਵਰਤੋਂ ਕੀਤੀ ਜਾਵੇ। ਕਮਰੇ ਵਿਚ ਕੋਲੇ ਵਾਲੀ ਅੰਗੀਠੀ ਦੀ ਵਰਤੋਂ ਨਾ ਕੀਤੀ ਜਵੇ ਕਿਉਕਿ ਕੋਲੇ ਦੇ ਜਲਣ `ਤੇ ਕਾਰਬਨ ਮੋਨੋਆਕਸਾਈਡ ਗੈਸ ਪੈਦਾ ਹੁੰਦੀ ਹੈ ਜੋ ਕਿ ਮੌਤ ਦਾ ਕਾਰਨ ਬਣ ਸਕਦੀ ਹੈ। ਜਰੂਰੀ ਵਸਤਾਂ ਜਿਵੇਂ ਖਾਣਾ, ਪਟਰੋਲ, ਬੈਟਰੀਆਂ, ਚਾਰਜਰ, ਦਵਾਈਆਂ ਆਦਿ ਦਾ ਪ੍ਰਬੰਧ ਅਗਾਂਉ ਤੋਂ ਹੀ ਆਪਦੇ ਕੋਲ ਹੋਣਾ ਯਕੀਨੀ ਬਣਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕੋਲਡ ਵੇਵ ਦੌਰਾਨ ਪਸ਼ੂਆਂ ਨੂੰ ਤਾਕਤ ਲਈ ਆਮ ਨਾਲੋਂ ਵਧੇਰੇ ਚਾਰੇ ਦੀ ਜਰੂਰਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਕੋਲਡ ਵੇਵ ਦੌਰਾਨ ਪਸ਼ੂਆਂ ਦੀ ਪ੍ਰਜਾਤੀ ਵਧਣ `ਚ ਵੀ ਦਿੱਕਤ ਆਉਂਦੀ ਹੈ ਸੋ ਇਨ੍ਹਾਂ ਦੀ ਸੰਭਾਲ ਕਰਨੀ ਲਾਜ਼ਮੀ ਹੈ। ਪਸ਼ੂਆਂ ਦੇ ਠਹਿਰਨ ਵਾਲੀ ਥਾਂ ਚਾਰੋਂ ਪਾਸ ਕਵਰ ਹੋਣੀ ਚਾਹੀਦੀ ਹੈ ਤਾਂ ਜੋ ਕਿਸੇ ਪਾਸੋਂ ਵੀ ਹਵਾ ਦਾਖਲ ਨਾ ਹੋ ਸਕੇ। ਉਨ੍ਹਾਂ ਕਿਹਾ ਕਿ ਐਮਰਜੰਸੀ ਲਾਈਟ ਅਤੇ ਜ਼ਰੂਰੀ ਦਵਾਈਆਂ ਲਾਜ਼ਮੀ ਤਿਆਰ ਰੱਖੀਆਂ ਜਾਣ।

**ਦਫਤਰ ਜਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਡਿਪਟੀ ਕਮਿਸ਼ਨਰ ਵੱਲੋਂ ਹਫਤਾਵਾਰੀ ਫੇਸਬੁੱਕ ਪ੍ਰੋਗਰਾਮ ਦੌਰਾਨ ਲੋਕਾਂ ਲਈ ਅਹਿਮ ਜਾਣਕਾਰੀ ਪੇਸ਼**

**3759 ਲੋਕ ਕੋਰੋਨਾ ਵਾਇਰਸ ਨੂੰ ਹਰਾ ਕੇ ਹੋਏ ਸਿਹਤਯਾਬ**

**ਫਾਜ਼ਿਲਕਾ, 6 ਜਨਵਰੀ**

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਵੱਲੋਂ ਆਪਣੇ ਹਫਤਾਵਾਰੀ ਫੇਸਬੁੱਕ ਲਾਈਵ ਪ੍ਰੋਗਰਾਮ ਦੌਰਾਨ ਜ਼ਿਲਾ ਵਾਸੀਆਂ ਲਈ ਅਹਿਮ ਜਾਣਕਾਰੀ ਸਾਂਝੀ ਕੀਤੀ ਗਈ।ਉਨਾਂ ਦੱਸਿਆ ਕਿ ਹੁਣ ਤੱਕ ਜ਼ਿਲਾ ਫਾਜ਼ਿਲਕਾ ਦੇ 3759 ਕਰੋਨਾ ਮਰੀਜ ਕਰੋਨਾ ਖਿਲਾਫ ਜੰਗ ਜਿੱਤ ਦੇ ਤੰਦਰੁਸਤ ਹੋ ਚੁੱਕੇ ਹਨ। ਹੁਣ ਤੱਕ ਪੂਰੇ ਜਿਲੇ ਵਿੱਚ 3861 ਕਰੋਨਾ ਪਾਜੀਟਿਵ ਕੇਸ ਸਾਹਮਣੇ ਆਏ ਹਨ।ਜ਼ਿਲੇ ਅੰਦਰ ਹੁਣ ਐਕਟਿਵ ਕੇਸਾਂ ਦੀ ਗਿਣਤੀ 34 ਰਹਿ ਗਈ ਹੈ ਅਤੇ 68 ਜਣਿਆਂ ਦੀ ਮੌਤ ਹੋ ਚੁੱਕੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅੱਜ ਜ਼ਿਲੇ ਅੰਦਰ 4 ਜਣਿਆਂ ਨੇ ਕਰੋਨਾ ਨੂੰ ਮਾਤ ਦਿੱਤੀ ਹੈ ਅਤੇ 5 ਜਣਿਆਂ ਦੀ ਰਿਪੋਰਟ ਪਾਜੀਟਿਵ ਆਈ ਹੈ। ਉਨਾਂ ਕਿਹਾ ਕਿ ਅਜੇ ਤੱਕ ਕਰੋਨਾ ਦੀ ਵੈਕਸਿਨ ਨਾ ਆਉਣ ਕਰਕੇ ਸਾਵਧਾਨੀਆਂ ਹੀ ਬਚਾਅ ਦਾ ਸਾਧਨ ਹਨ। ਉਨਾਂ ਕਿਹਾ ਕਿ ਬਾਹਰ ਜਾਣ ਸਮੇਂ ਹਰੇਕ ਵਿਅਕਤੀ ਵੱਲੋਂ ਮਾਸਕ ਜ਼ਰੂਰ ਲਗਾਇਆ ਜਾਵੇ, ਵਾਰ-ਵਾਰ ਹੱਥ ਧੋਤੇ ਜਾਣ ਅਤੇ ਸਮਾਜਿਕ ਦੂਰੀ ਵੀ ਬਣਾ ਕੇ ਰੱਖੀ ਜਾਵੇ।

ਉਨਾਂ ਲੋਕਾਂ ਨੂੰ ਕੋਵਿਡ ਦੇ ਨਾਲ ਸਰਦੀ ਦੇ ਮੌਸਮ ਵਿਚ ਠੰਡੀਆਂ ਹਵਾਵਾਂ ਤੋਂ ਬਚਣ ਲਈ ਵੀ ਪ੍ਰੇਰਿਤ ਕੀਤਾ। ਉਨਾਂ ਕਿਹਾ ਕਿ ਹਰੇਕ ਵਿਅਕਤੀ ਨੂੰ ਸ਼ਰੀਰ ਨੂੰ ਪੂਰੀ ਤਰਾਂ ਢੱਕ ਕੇ ਰੱਖਣ ਵਾਲੇ ਕਪੜੇ ਪਾਉਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਇਹ ਠੰਡੀਆਂ ਹਵਾਵਾਂ ਸਿਹਤ ਲਈ ਖਤਰਨਾਕ ਸਾਬਿਤ ਹੋ ਸਕਦੀਆਂ ਹਨ।ਉਨ੍ਹਾਂ ਕਿਹਾ ਲੋੜ ਪੈਣ `ਤੇ ਹੀ ਬਾਹਰ ਜਾਇਆ ਜਾਵੇ ਅਤੇ ਬਜੁਰਗ, ਗਰਭਵਤੀ ਔਰਤਾਂ ਤੇ ਬੱਚੇ ਠੰਡੀਆਂ ਹਵਾਵਾਂ ਤੋਂ ਬਚਣ ਲਈ ਖਾਸ ਪਰਹੇਜ਼ ਰੱਖਣ।

**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਮੋਟਰ ਵਹੀਕਲ ਮੁਹਿੰਮ ਤਹਿਤ ਐਸ ਡੀ ਐਮ ਫਾਜ਼ਿਲਕਾ ਨੇ ਵਾਹਨਾਂ ਦੀ ਚੈਕਿੰਗ ਮੁਹਿੰਮ ਚਲਾਈ**

**ਫਾਜ਼ਿਲਕਾ, 6 ਜਨਵਰੀ**

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਦੇ ਦਿਸ਼ਾ-ਨਿਰਦੇਸ਼ਾਂ `ਤੇ ਮੋਟਰ ਵਹੀਕਲ ਮੁਹਿੰਮ ਦੇ ਤਹਿਤ ਫਾਜ਼ਿਲਕਾ ਦੇ ਐਸ ਡੀ ਐਮ ਕਮ ਰਜਿਸਟ੍ਰੇਸ਼ਨ ਲਾਇਸੈਂਸ ਅਥਾਰਟੀ ਸ੍ਰੀ ਕੇਸ਼ਵ ਗੋਇਲ ਨੇ ਵਾਹਨਾਂ ਦੀ ਚੈਕਿੰਗ ਮੁਹਿੰਮ ਚਲਾਈ ਅਤੇ ਵਾਹਨਾਂ ਦੇ ਕਾਗਜ਼ਾਤ ਪੂਰੇ ਨਾ ਪਾਏ ਜਾਣ ਤੇ ਟ੍ਰੈਫਿਕ ਨਿਯਮਾਂ ਅਨੁਸਾਰ ਚਲਾਨ ਵੀ ਕੱਟੇ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਫਾਜ਼ਿਲਕਾ ਦੇ ਐਸ ਡੀ ਐਮ ਕੇਸ਼ਵ ਗੋਇਲ ਨੇ ਦੱਸਿਆ ਕਿ ਮੋਟਰ ਵਹੀਕਲ ਵਾਹਨ ਮੁਹਿੰਮ ਤਹਿਤ ਅੱਜ ਫਾਜ਼ਿਲਕਾ ਦੇ ਟਰੱਕ ਯੂਨੀਅਨ ਚੌਕ `ਤੇ ਚੈਕਿੰਗ ਮੁਹਿੰਮ ਚਲਾਈ ਗਈ। ਉਨ੍ਹਾਂ ਕਿਹਾ ਕਿ ਜਿੰਨਾ ਵਾਹਨ ਚਾਲਕਾਂ ਨੇ ਆਪਣੇ ਵਾਹਨ ਦੇ ਕਾਗਜ਼ਾਤ ਮੁਕੰਮਲ ਨਹੀਂ ਕੀਤੇ ਤਾਂ ਉਹ ਜਲਦ ਪੂਰੇ ਕਰ ਲੈਣ ਨਹੀਂ ਤਾਂ ਪ੍ਰਸ਼ਾਸਨ ਵੱਲੋਂ ਉਨ੍ਹਾ ਖਿਲਾਫ ਆਉਣ ਵਾਲੇ ਦਿਨਾਂ ਵਿੱਚ ਸਖਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਜਿੰਨਾ ਬੱਚਿਆਂ ਦੀ ਉਮਰ 18 ਸਾਲ ਤੋਂ

ਘਟ ਹੈ ਉਹ ਪਰਿਵਾਰ ਮੈਂਬਰ ਅਪਣੇ ਬੱਚਿਆਂ ਨੂੰ ਵਹੀਕਲ ਨਾ ਦੇਣ ਤਾ ਜ਼ੋ ਹਾਦਸਿਆਂ ਤੋਂ ਬਚਿਆ ਜਾ ਸਕੇ ਤੇ ਨਿਯਮਾਂ ਦੀ ਉਲੰਘਣਾ ਨਾ ਹੋ ਸਕੇ।

ਇਸ ਮੌਕੇ ਸ੍ਰੀ ਗੋਇਲ ਨੇ ਦੱਸਿਆ ਕਿ ਸੜਕ ਹਾਦਸਿਆਂ ਨੂੰ ਰੋਕਣ ਲਈ ਵਹੀਕਲ ਚਲਾਉਣ ਵਾਲੇ ਹੈਲਮੈਂਟ ਜਰੂਰ ਪਾਉਣ। ਉਨ੍ਹਾਂ ਕਿਹਾ ਕਿ ਜੇਕਰ ਹੈਲਮੈਟ ਪਾਇਆ ਹੋਵੇ ਤਾਂ ਨਾਗਰਿਕ ਦਾ ਜਾਨੀ ਨੁਕਸਾਨ ਹੋਣ ਤੋਂ ਬਚ ਜਾਂਦਾ ਹੈ।ਉਨ੍ਹਾਂ ਕਿਹਾ ਕਿ ਹੈਲਮੈਂਟ ਨਾ ਪਾਉਣ ਵਾਲੇ ਮੋਟਰਸਾਈਕਲ ਚਾਲਕਾਂ ਖਿਲਾਫ ਆਉਣ ਵਾਲੇ ਦਿਨਾਂ `ਚ ਹੋਰ ਸਖ਼ਤ ਕਾਰਵਾਈ ਆਰੰਭੀ ਜਾਵੇਗੀ।

ਇਸ ਮੌਕੇ ਟ੍ਰੈਫਿਕ ਇੰਚਾਰਜ ਸ. ਜੰਗੀਰ ਸਿੰਘ, ਸ. ਜਸਵਿੰਦਰ ਸਿੰਘ ਚਾਵਲਾ ਮੌਜੂਦ ਸਨ।




**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਪਿੰਡ ਘੜੁੰਮੀ ਦਾ ਕੌਸ਼ਲ ਖੁਰਾਨਾ ਸਵੈ-ਰੋਜ਼ਗਾਰ ਦਾ ਕਾਰੋਬਾਰ ਕਰਕੇ ਆਪਣੀ ਆਮਦਨ `ਚ ਕਰ ਰਿਹੈ ਵਾਧਾ**

**ਸਵੈ-ਰੋਜ਼ਗਾਰ ਦਾ ਕਾਰੋਬਾਰ ਕਰਨ ਲਈ ਵਿਭਾਗਾਂ ਵੱਲੋਂ ਦਿੱਤੀ ਜਾਂਦੀ ਹੈ ਸਿਖਲਾਈ**

**ਫਾਜ਼ਿਲਕਾ, 6 ਜਨਵਰੀ**

ਪੰਜਾਬ ਸਰਕਾਰ ਵੱਲੋਂ ਬੇਰੋਜ਼ਗਾਰੀ `ਤੇ ਠਲ ਪਾਉਣ ਲਈ ਜਿਥੇ ਨੌਜਵਾਨਾਂ ਲਈ ਸਮਂੇ-ਸਮੇਂ `ਤੇ ਰੋਜ਼ਗਾਰ ਮੇਲੇ ਲਗਾਏ ਜਾ ਰਹੇ ਹਨ ਉਥੇ ਸਵੈ-ਰੋਜਗਾਰ ਦੇ ਮੌਕੇ ਵੀ ਪ੍ਰਦਾਨ ਕੀਤੇ ਜਾ ਰਹੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਕੀਤਾ।ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਸਵੈ-ਰੋਜ਼ਗਾਰ ਦਾ ਕਾਰੋਬਾਰ ਕਰਨ ਲਈ ਵੱਖ-ਵੱਖ ਵਿਭਾਗਾਂ ਵੱਲੋਂ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਅਤੇ ਕਾਰੋਬਾਰ ਕਰਨ ਲਈ ਸਿਖਲਾਈ ਵੀ ਦਿੱਤੀ ਜਾਂਦੀ ਹੈ।

ਪਿੰਡ ਘੜੁੰਮੀ ਦੇ ਕੌਸ਼ਲ ਖੁਰਾਨਾ ਨੇ ਨੌਕਰੀ ਦੇ ਪੇਸ਼ੇ `ਚ ਜਾਣ ਦੀ ਬਜਾਏ ਸਵੈ-ਰੋਜ਼ਗਾਰ ਦੇ ਕਾਰੋਬਾਰ ਕਰਨ ਨੂੰ ਪਹਿਲ ਦਿੱਤੀ ਹੈ। ਕੌਸ਼ਲ ਖੁਰਾਨਾ ਨੇ ਦੱਸਿਆ ਕਿ ਉਸਨੇ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਓਰੋ ਵਿਖੇ ਆਪਣਾ ਨਾਮ ਦਰਜ ਕਰਵਾਇਆ ਸੀ ਜਿਸ ਉਪਰੰਤ ਬਿਉਰੋ ਵੱਲੋਂ ਉਸਦਾ ਡੇਅਰੀ ਵਿਭਾਗ ਨਾਲ ਰਾਬਤਾ ਕਰਵਾਇਆ ਗਿਆ। ਕੋਸ਼ਲ ਖੁਰਾਨਾ ਨੇ ਆਖਿਆ ਕਿ ਡੇਅਰੀ ਵਿਭਾਗ

ਤੋਂ 15 ਦਿਨਾਂ ਦੀ ਸਿਖਲਾਈ ਹਾਸਲ ਕਰਕੇ ਉਸਨੂੰ ਸਵੈ-ਰੋਜ਼ਗਾਰ ਦੇ ਕਾਰੋਬਾਰ ਕਰਨ ਲਈ ਹੌਂਸਲਾਅਫਜਾਈ ਮਿਲੀ।

ਡੇਅਰੀ ਫਾਰਮਿੰਗ ਦਾ ਕਾਰੋਬਾਰ ਕਰਨ ਵਾਲੇ ਨੌਜਵਾਨ ਕੌਸ਼ਲ ਖੁਰਾਨਾ ਨੇ ਦੱਸਿਆ ਕਿ ਉਸਨੇ 4-5 ਪਸ਼ੂਆਂ ਤੋਂ ਕਾਰੋਬਾਰ ਸ਼ੁਰੂ ਕੀਤਾ ਸੀ ਹੁਣ ਉਸ ਕੋਲ 60 ਪਸ਼ੂ ਹਨ ਜਿਸ ਵਿਚ 16 ਦੁਧਾਰੂ ਪਸ਼ੂ ਜਿਸ ਵਿਚ ਗਾਂ ਤੇ ਮੱਝਾਂ ਹਨ। ਉਸਨੇ ਦੱਸਿਆ ਕਿ ਉਸਦੇ ਪਿਤਾ ਖੇਤੀ ਕਰਦੇ ਹਨ ਪਰ ਉਸਨੇ ਰਵਾਇਤੀ ਫਸਲੀ ਚੱਕਰ `ਚ ਨਿਕਲਦੇ ਹੋਏ ਆਪਣੇ ਪਿਤਾ ਨਾਲ ਖੇਤੀ ਕਰਨ ਦੀ ਬਜਾਏ ਡੇਅਰੀ ਫਾਰਮਿੰਗ ਦੇ ਧੰਦੇ ਨੂੰ ਅਪਣਾਇਆ।ਉਸਨੇ ਦੱਸਿਆ ਕਿ ਡੇਅਰੀ ਫਾਰਮਿੰਗ ਦੇ ਕਾਰੋਬਾਰ ਨੇ ਉਸਦੀ ਆਮਦਨ `ਚ ਕਾਫੀ ਵਾਧਾ ਕੀਤਾ ਹੈ। ਉਸਨੇ ਦੱਸਿਆ ਕਿ ਉਸਨੇ ਪਸ਼ੂਆਂ ਦੀ ਸਾਂਭ-ਸੰਭਾਲ ਲਈ ਸ਼ੈਡ ਬਣਵਾਇਆ ਜਿਸ ਵਿਚ ਡੇਅਰੀ ਵਿਭਾਗ ਨੇ ਡੇਢ ਲੱਖ ਰੁਪਏ ਦੀ ਸਬਸਿਡੀ, ਪਸ਼ੂਆਂ `ਤੇ ਇਕ ਲੱਖ 25 ਹਜ਼ਾਰ ਰੁਪਏ ਅਤੇ ਮਸ਼ੀਨ `ਤੇ ਵੀਹ ਹਜ਼ਾਰ ਰੁਪਏ ਦੀ ਸਬਸਿਡੀ ਮੁਹੱਈਆ ਕਰਵਾਈ। ਉਸਨੇ ਦੱਸਿਆ ਕਿ ਉਹ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਉਰੋ ਅਤੇ ਡੇਅਰੀ ਵਿਭਾਗ ਦਾ ਧੰਨਵਾਦ ਕਰਦਾ ਹੈ ਕਿ ਉਹ ਅੱਜ ਆਪਣੀ ਆਮਦਨ `ਚ ਚੋਖਾ ਵਾਧਾ ਕਰ ਸਕਿਆ ਹੈ ਤੇ ਸਵੈ-ਰੋਜ਼ਗਾਰ ਦੇ ਕਾਰੋਬਾਰ ਕਰਨ ਦੇ ਕਾਬਲ ਬਣ ਸਕਿਆ ਹੈ। ਉਸਨੇ ਹੋਰਨਾਂ ਨੋਜਵਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਆਪਣੇ ਸਕਿਲ ਦੇ ਅਨੁਸਾਰ ਸਵੈ-ਰੋਜ਼ਗਾਰ ਦਾ ਕਾਰੋਬਾਰ ਕਰਨ ਅਤੇ ਆਪਣੀ ਆਮਦਨ `ਚ ਵਾਧਾ ਕਰਨ।



**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਸਿੱਖਿਆ ਸਕੱਤਰ ਨੇ ਮਿਸ਼ਨ ਸ਼ਤ ਪ੍ਰਤੀਸ਼ਤ ਲਈ ਜਿਲ੍ਹੇ ਦੇ ਸਕੂਲ ਮੁਖੀਆਂ ਤੇ ਅਧਿਆਪਕਾਂ ਨੂੰ ਦਿੱਤੀ ਹੱਲਾਸ਼ੇਰੀ**

**ਐੱਜੂਸੈਟ ਰਾਹੀਂ ਸਕੂਲ ਮੁਖੀਆਂ ਅਤੇ ਅਧਿਆਪਕਾਂ ਨੂੰ ਸਿੱਖਿਆ ਸਕੱਤਰ ਨੇ ਕੀਤਾ ਸੰਬੋਧਨ**

**ਫਾਜ਼ਿਲਕਾ, 6 ਜਨਵਰੀ**

ਮਿਸ਼ਨ ਸ਼ਤ ਪ੍ਰਤੀਸ਼ਤ ਸਮੇਤ ਵਿਭਾਗ ਦੇ ਹੋਰਨਾਂ ਟੀਚਿਆਂ ਦੀ ਪੂਰਤੀ ਲਈ ਸਕੱਤਰ ਸਕੂਲ ਸਿੱਖਿਆ ਕ੍ਰਿਸ਼ਨ ਕੁਮਾਰ ਆਈ.ਏ.ਐਸ. ਨੇ ਜਿਲ੍ਹਾ ਫਾਜ਼ਿਲਕਾ ਦੇ ਸਰਕਾਰੀ ਸੀਨੀਅਰ ਸੈਕੰਡਰੀ, ਹਾਈ ਅਤੇ ਮਿਡਲ ਸਕੂਲਾਂ ਦੇ ਮੁਖੀਆਂ ਅਤੇ ਅਧਿਆਪਕਾਂ ਨੂੰ ਸੈਸ਼ਨ 2020-21 ਵਿੱਚ ਮਿਸ਼ਨ ਸ਼ਤਪ੍ਰਤੀਸ਼ਤ 2021 ਨੂੰ ਕਾਮਯਾਬ ਬਣਾਉਣ ਲਈ ਹੱਲਾਸ਼ੇਰੀ ਤੇ ਪ੍ਰੇਰਨਾ ਦੇਣ ਹਿੱਤ ਐੱਜੂਸੈਟ ਰਾਹੀਂ ਸੰਬੋਧਨ ਕੀਤਾ।ਉਹਨਾਂ ਕਿਹਾ ਕਿ 7 ਨਵੰਬਰ 2020 ਨੂੰ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਵੱਲੋਂ ਮਿਸ਼ਨ ਸ਼ਤ-ਪ੍ਰਤੀਸ਼ਤ 2021

ਦਾ ਆਗਾਜ਼ ਕੀਤਾ ਗਿਆ ਸੀ। ਇਸਦਾ ਮਨੋਰਥ 100 ਫੀਸਦੀ ਵਿਦਿਆਰਥੀ ਪਾਸ ਹੋਣ ਅਤੇ ਵੱਧ ਤੋਂ ਵੱਧ ਵਿਦਿਆਰਥੀ 90 ਫੀਸਦੀ ਜਾਂ ਇਸ ਤੋਂ ਵੱਧ ਅੰਕ ਪ੍ਰਾਪਤ ਕਰਨ। ਇਸਦੇ ਨਾਲ ਹੀ ਵਿਦਿਆਰਥੀਆਂ ਦੇ ਪ੍ਰਾਪਤ ਅੰਕਾਂ ਦੀ ਵੇਟੇਡ ਐਵਰੇਜ਼ ਵੀ ਵੱਧ ਹੋਵੇ। ਇਸ ਮੌਕੇ ਉਹਨਾਂ ਨਾਲ ਜਗਤਾਰ ਸਿੰਘ ਕੂਲੜੀਆ ਡਾਇਰੈਕਟਰ ਰਾਜ ਸਿੱਖਿਆ ਖੋਜ ਅਤੇ ਸਿਖਲਾਈ ਪ੍ਰੀਸ਼ਦ ਵੀ ਮੌਜੂਦ ਰਹੇ।
ਸਿੱਖਿਆ ਸਕੱਤਰ ਕ੍ਰਿਸ਼ਨ ਕੁਮਾਰ ਨੇ ਕਿਹਾ ਕਿ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਨੇ ਕੋਵਿਡ-19 ਸੰਕ੍ਰਮਣ ਦੇ ਕਾਰਣ ਹੋਈ ਤਾਲਾਬੰਦੀ ਦੌਰਾਨ ਯੋਧਿਆਂ ਦੀ ਤਰ੍ਹਾਂ ਸਾਹਮਣੇ ਆ ਕੇ ਕਾਰਜ ਕੀਤੇ ਹਨ। ਇਸ ਸਮੇਂ ਦੌਰਾਨ ਹੀ ਦੌਰਾਨ ਵਿਭਾਗ ਵੱਲੋਂ ਕੀਤੀਆਂ ਗਈਆਂ ਪਹਿਲਕਦਮੀਆਂ ਦੇ ਸਫ਼ਲਤਾਪੂਰਵਕ ਨਤੀਜੇ ਦੇਣ ਲਈ ਸਿੱਖਿਆ ਅਧਿਕਾਰੀਆਂ, ਸਕੂਲ ਮੁਖੀਆਂ, ਅਧਿਆਪਕਾਂ, ਨਾਨ-ਟੀਚਿੰਗ ਸਟਾਫ਼, ਮਿਡ-ਡੇ-ਮੀਲ ਵਰਕਰਾਂ, ਸਕੂਲ ਮੈਨੇਜਮੈਂਟ ਕਮੇਟੀਆਂ ਅਤੇ ਪਿੰਡਾਂ ਅਤੇ ਸ਼ਹਿਰਾਂ ਦੇ ਪਤਵੰਤੇ ਸੱਜਣਾਂ ਨੇ ਮਹੱਤਵਪੂਰਨ ਭੂਮਿਕਾ ਨਿਭਾਈ ਹੈ।
ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿੱਚ ਸੈਸ਼ਨ 2020-21 ਦੇ ਦਾਖਲਿਆਂ ਵਿੱਚ ਰਿਕਾਰਡ ਵਾਧਾ ਕਰਨ ਲਈ ਈਚ ਵਨ, ਬਰਿੰਗ ਵਨ ਮੁਹਿੰਮ, ਪੰਜਾਬ ਪ੍ਰਾਪਤੀ ਸਰਵੇਖਣ ਵਿੱਚ ਸ਼ਮੂਲੀਅਤ ਅਤੇ ਸ਼ਾਨਦਾਰ ਕਾਰਗੁਜ਼ਾਰੀ, ਬੱਚਿਆਂ ਨੂੰ ਘਰ ਬੈਠੇ ਸਿੱਖਿਆ ਦੇਣ ਲਈ ਪੰਜਾਬ ਐਜੂਕੇਅਰ ਐਪ ਅਤੇ ਆਨਲਾਈਨ ਵਰਚੁਅਲ ਜਮਾਤਾਂ, ਬੁੱਕ ਬੈਂਕਾਂ ਅਤੇ ਨਵੀਆਂ ਪਾਠਕ੍ਰਮ ਦੀਆਂ ਕਿਤਾਬਾਂ ਦੀ ਸਮੇਂ `ਤੇ ਵੰਡ, ਮਾਪੇ ਅਧਿਆਪਕ ਵਰਚੁਅਲ ਅਤੇ ਆਫ਼ਲਾਈਨ ਮਿਲਣੀਆਂ ਵਿੱਚ ਬੱਚਿਆਂ ਅਤੇ ਮਾਪਿਆਂ ਨੂੰ ਉਤਸ਼ਾਹਿਤ ਕਰਨਾ, ਸਕੂਲਾਂ ਨੂੰ ਸਮਾਰਟ ਬਣਾਉਣ, ਫਰਨੀਚਰ ਨੂੰ ਸੰਭਾਲਣ ਅਤੇ ਸੰਵਾਰਨ ਲਈ ਕੀਤੇ ਉਪਰਾਲੇ, ਹਫ਼ਤਾਵਾਰੀ ਅਤੇ ਦੋਮਾਹੀ ਟੈਸਟਾਂ ਦਾ ਆਯੋਜਨ ਅਤੇ ਮੁਲਾਂਕਣ ਕਰਕੇ ਵਿਦਿਆਰਥੀਆਂ ਦੀ ਅਗਵਾਈ ਕਰਨਾ, ਆਨਲਾਈਨ ਵਿੱਦਿਅਕ ਮੁਕਾਬਲਿਆਂ ਵਿੱਚ ਲੱਖਾਂ ਵਿਦਿਆਰਥੀਆਂ ਦੀ ਸ਼ਮੂਲੀਅਤ ਕਰਵਾਕੇ ਉਹਨਾਂ ਦੇ ਸਰਵਪੱਖੀ ਵਿਕਾਸ ਲਈ ਕਾਰਜ ਸਰਾਹਨਾਯੋਗ ਰਹੇ ਹਨ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਉਤਸਵ ਨੂੰ ਸਮਰਪਿਤ ਸਮਾਗਮਾਂ ਸਬੰਧੀ ਸਿੱਖਿਆ ਵਿਭਾਗ ਵੱਲੋਂ 11 ਵੰਨਗੀਆਂ ਦੇ ਸਹਿ-ਵਿੱਦਿਅਕ ਮੁਕਾਬਲੇ ਕਰਵਾਏ ਗਏ ਹਨ ਜਿਸ ਵਿੱਚ 3 ਲੱਖ 60 ਹਜ਼ਾਰ ਵਿਦਿਆਰਥੀਆਂ ਨੇ ਉਤਸ਼ਾਹ ਅਤੇ ਸ਼ਰਧਾ-ਭਾਵਨਾ ਨਾਲ ਭਾਗ ਲਿਆ ਹੈ। ਇਸ ਤੋਂ ਇਲਾਵਾ ਕੌਮੀ ਪ੍ਰਤਿਭਾ ਖੋਜ ਪ੍ਰੀਖਿਆਵਾਂ, ਐੱਨ.ਐੱਮ.ਐੱਮ.ਐੱਸ. ਅਤੇ ਪੀ.ਐੱਸ.ਟੀ.ਐੱਸ.ਈ. ਵਿੱਚ ਵੀ ਅਧਿਆਪਕਾਂ ਅਤੇ ਸਕੂਲ ਮੁਖੀਆਂ ਦੀ ਪ੍ਰੇਰਣਾ ਸਦਕਾ ਵਿਦਿਆਰਥੀਆਂ ਨੇ ਭਰਵੀਂ ਸ਼ਮੂਲੀਅਤ ਕੀਤੀ ਹੈ।
ਉਹਨਾਂ ਕਿਹਾ ਕਿ ਅਧਿਆਪਕਾਂ ਦੀ ਲਿਖਾਈ ਨੂੰ ਸੁੰਦਰ ਬਣਾਉਣ ਲਈ ਅੱਖਰਕਾਰੀ ਮੁਹਿੰਮ ਵਿੱਚ ਵਧ ਚੜ੍ਹ ਕੇ ਹਿੱਸਾ ਲੈਣਾ, ਸਕੂਲ ਮੁਖੀਆਂ ਵੱਲੋਂ ਸਕੂਲਾਂ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਇੰਗਲਿਸ਼ ਬੂਸਟਰ ਕਲੱਬਾਂ ਵਿੱਚ ਸ਼ਮੂਲੀਅਤ ਕਰਵਾ ਕੇ ਉਹਨਾਂ ਦੇ ਭਾਸ਼ਾਈ ਕੌਸ਼ਲਾਂ ਦੀ ਵਿਕਾਸ ਕਰਨਾ, ਮਿਡ-ਡੇ-ਮੀਲ ਮਟੀਰੀਅਲ ਦੀ ਬੱਚਿਆਂ ਨੂੰ ਘਰ-ਘਰ ਜਾ ਕੇ ਵੰਡ, ਈ-ਕੰਟੈਂਟ ਅਤੇ ਹੋਰ ਮਟੀਰੀਅਲ ਦੀ ਤਿਆਰ ਕਰਨਾ ਅਤੇ ਬੱਚਿਆਂ ਨੂੰ ਪੜ੍ਹਣ ਲਈ ਉਤਸ਼ਾਹਿਤ ਕਰਨਾ ਜਿਹੇ ਮਹੱਤਵਪੂਰਨ ਕਾਰਜਾਂ ਨੂੰ ਇਹਨਾਂ ਦਿਨਾਂ ਵਿੱਚ ਪ੍ਰਮੁੱਖਤਾ ਦੇ ਕੇ ਸਿੱਖਿਆ ਵਿਭਾਗ ਦਾ ਮਾਣ ਵਧਾਇਆ ਹੈ।
ਸਕੱਤਰ ਸਕੂਲ ਸਿੱਖਿਆ ਕ੍ਰਿਸ਼ਨ ਕੁਮਾਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਹੁਣ ਸਮਾਂ ਹੈ ਕਿ ਮਿਸ਼ਨ ਸ਼ਤ-ਪ੍ਰਤੀਸ਼ਤ 2021 ਨੂੰ ਸੰਜ਼ੀਦਗੀ ਨਾਲ ਲੈ ਕੇ ਵਿਦਿਆਰਥੀਆਂ ਦੀ ਦੋਮਾਹੀ ਟੈਸਟਾਂ ਦੀ ਕਾਰਗੁਜ਼ਾਰੀ ਦੇ ਅੰਕੜਿਆਂ ਦਾ ਵਿਸ਼ਲੇਸ਼ਣ ਕੀਤਾ ਜਾਵੇ। ਜਿਹੜੇ ਪੱਖਾਂ ਵਿੱਚ ਵਿਦਿਆਰਥੀ ਕਮਜ਼ੋਰ ਹਨ ਉਹਨਾਂ ਦੇ ਸਿੱਖਣ ਪਰਿਣਾਮਾਂ ਦੇ ਮੁਲਾਂਕਣ ਨੂੰ ਧਿਆਨ ਵਿੱਚ ਰੱਖਦੇ ਹੋਏ ਬੱਚਿਆਂ ਨੂੰ ਬਡੀ ਗਰੁੱਪ ਵਿੱਚ ਕੰਮ ਕਰਵਾਕੇ ਸਬੰਧਿਤ ਵਿਸ਼ੇ ਦੀਆਂ ਧਾਰਨਾਵਾਂ ਦੀ ਦੁਹਰਾਈ ਕਰਵਾਈ ਜਾਵੇ। ਇਸ ਲਈ ਸਿੱਖਿਆ ਵਿਭਾਗ ਦੀਆਂ ਸਿੱਖਿਆ ਸੁਧਾਰ ਟੀਮਾਂ, ਸਮੂਹ ਵਿਸ਼ਿਆਂ ਦੇ ਜ਼ਿਲ੍ਹਾ ਅਤੇ ਬਲਾਕ ਮੈਂਟਰ ਆਪਣੇ-ਆਪਣੇ ਜ਼ਿਲ੍ਹਿਆਂ ਦੇ ਸਿੱਖਿਆ ਅਧਿਕਾਰੀਆਂ ਦੀ ਅਗਵਾਈ ਵਿੱਚ ਮਾਈਕ੍ਰੋ ਯੋਜਨਾਬੰਦੀ ਕਰਕੇ ਮੁੱਖ ਦਫਤਰ ਵੱਲੋਂ ਦਿੱਤੇ ਜਾ ਰਹੀ ਯੋਜਨਾ ਨੂੰ ਲਾਗੂ ਕਰਵਾਉਣ ਤਾਂ ਜੋ ਸ਼ਤ-ਪ੍ਰਤੀਸ਼ਤ

ਨਤੀਜੇ ਲਏ ਜਾ ਸਕਣ। ਸਿੱਖਿਆ ਵਿਭਾਗ ਵੱਲੋਂ ਚਲਾਈ ਬਡੀ ਮੇਰਾ ਸਿੱਖਿਆ ਸਾਥੀ ਦੀ ਮੁੱਖ ਮੰਤਰੀ ਵੱਲੋਂ ਵੀ ਸ਼ਲਾਘਾ ਕੀਤੀ ਗਈ ਹੈ। ਉਹਨਾਂ ਕਿਹਾ ਕਿ `ਈਚ ਵਨ ਆਸਕ ਵਨ` ਮੁਹਿੰਮ ਤਹਿਤ ਵਿਦਿਆਰਥੀ ਨਾ ਕੇਵਲ ਆਪਣੇ ਬਡੀ ਸਾਥੀਆਂ ਨੂੰ ਹੀ ਸਵਾਲ ਪੁੱਛ ਰਹੇ ਹਨ ਸਗੋਂ ਅਧਿਆਪਕਾਂ, ਸਕੂਲ ਮੁਖੀਆਂ ਅਤੇ ਸਿੱਖਿਆ ਅਧਿਕਾਰੀਆਂ ਨਾਲ ਵੀ ਗੱਲਬਾਤ ਕਰਕੇ ਵੱਖ-ਵੱਖ ਵਿਸ਼ਿਆਂ ਦੀਆਂ ਧਾਰਨਵਾਂ ਦੇ ਸ਼ੰਕਿਆਂ ਦਾ ਨਿਵਾਰਣ ਕਰ ਰਹੇ ਹਨ।

ਸਿੱਖਿਆ ਸਕੱਤਰ ਨੇ ਸਮੂਹ ਸਕੂਲਾਂ ਦੇ ਅਧਿਆਪਕਾਂ ਨੂੰ ਉਤਸ਼ਾਹਿਤ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਮਾਡਲ ਟੈਸਟ ਪੇਪਰਾਂ ਨਾਲ ਪਾਠਕ੍ਰਮ ਦੀ ਦੁਹਰਾਈ ਕਰਵਾਉਣ ਅਤੇ ਲਿਖਣ ਦਾ ਅਭਿਆਸ ਵੀ ਵਾਰ-ਵਾਰ ਕਰਵਾਉਣ ਤਾਂ ਜੋ ਉਹਨਾਂ ਵੱਲੋਂ ਕੀਤੀਆਂ ਜਾਣ ਵਾਲੀਆਂ ਗਲਤੀਆਂ ਨੂੰ ਖਤਮ ਕੀਤਾ ਜਾ ਸਕੇ। ਸਕੱਤਰ ਸਕੂਲ ਸਿੱਖਿਆ ਨੇ ਵੱਧ ਹਾਜ਼ਰੀ ਵਾਲੇ ਸਕੂਲਾਂ ਦੇ ਮੁਖੀਆਂ ਅਤੇ ਅਧਿਆਪਕਾਂ ਨੂੰ ਉਹਨਾਂ ਦੀ ਯੋਜਨਾਬੰਦੀ ਬਾਰੇ ਵੀ ਵਧਾਈ ਦਿੱਤੀ ਅਤੇ ਨਾਲ ਹੀ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਨੂੰ ਯਕੀਨੀ ਕਰਨ ਬਾਰੇ ਵੀ ਜਾਗਰੂਕ ਕੀਤਾ। ਉਹਨਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਪਹਿਲੀ ਤੋਂ ਬਾਰ੍ਹਵੀਂ ਤੱਕ ਨੈਤਿਕ ਸਿੱਖਿਆ ਦਾ ਵਿਸ਼ਾ `ਸਵਾਗਤ ਜ਼ਿੰਦਗੀ ਪਹਿਲੀ ਵਾਰ ਸ਼ੁਰੂ ਕੀਤਾ ਗਿਆ ਹੈ ਜਿਸ ਦਾ ਪਾਠਕ੍ਰਮ ਅਧਿਆਪਕਾਂ ਵੱਲੋਂ ਹੀ ਤਿਆਰ ਕੀਤਾ ਗਿਆ ਹੈ ਅਤੇ ਸਮਾਜ ਦੇ ਹਰ ਵਰਗ ਵੱਲੋਂ ਇਸਦਾ ਸਵਾਗਤ ਕੀਤਾ ਗਿਆ ਹੈ। ਇੱਥੋਂ ਤੱਕ ਕਿ ਦੂਜੇ ਰਾਜ ਵੀ ਇਸ ਉਪਰਾਲੇ ਦੀ ਸਰਾਹਨਾ ਕਰ ਰਹੇ ਹਨ। ਐਂਜੂਸੈੱਟ ਰਾਹੀਂ ਹੋਈ ਇਸ ਮੀਟਿੰਗ 'ਚ ਸਲਿੰਦਰ ਸਿੰਘ ਸਹਾਇਕ ਡਾਇਰੈਕਟਰ ਟਰੇਨਿੰਗਾਂ ਅਤੇ ਹੋਰ ਸਟੇਟ ਰਿਸੋਰਸ ਪਰਸਨ ਵੀ ਮੌਜੂਦ ਰਹੇ।



**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਸਰਹੰਦ ਫੀਡਰ ਦੀ ਰੀਲਾਇਨਿੰਗ ਲਈ 17 ਜਨਵਰੀ ਤੋਂ 20 ਫਰਵਰੀ ਤੱਕ ਹੋਵੇਗੀ ਨਹਿਰ ਦੀ ਬੰਦੀ**

**ਫਾਜ਼ਿਲਕਾ, 6 ਜਨਵਰੀ**

ਕੈਨਾਲ ਮੰਡਲ ਅਬੋਹਰ ਦੇ ਕਾਰਜਕਾਰੀ ਇੰਜੀਨੀਅਰ ਸ੍ਰੀ ਮੁਖਤਿਆਰ ਸਿੰਘ ਰਾਣਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਹੰਦ ਫੀਡਰ ਦੀ ਰੀਲਾਇਨਿੰਗ ਦੇ ਕੰਮ ਕੀਤੇ ਜਾਣੇ ਹਨ ਜਿਸ ਲਈ 17 ਜਨਵਰੀ 2021 ਤੋਂ 20 ਫਰਵਰੀ ਤੱਕ ਸਰਹੰਦ ਫੀਡਰ ਨਹਿਰ ਦੀ ਬੰਦੀ ਕੀਤੀ ਜਾਣੀ ਹੈ।

ਕਾਰਜਕਾਰੀ ਇੰਜੀਨੀਅਰ ਨੇ ਦੱਸਿਆ ਕਿ ਸਰਹੰਦ ਫੀਡਰ ਨਹਿਰ ਦੀ ਬੁਰਜੀ 257775 ਡ/ਸ (ਹੈਡ ਸੋਥਾ) ਤੋਂ ਹੇਠਲੇ ਪਾਸੋਂ ਨਿਕਲਣ ਵਾਲੀਆਂ ਨਹਿਰਾਂ ਲਾਲਾਬਾਈ ਰਾਜਬਾਹਾ ਸਿਸਟਮ, ਨਿਊ ਅਬੁਲਖੁਰਾਣਾ ਰਾਜਬਾਹਾ, ਲੰਬੀ ਰਾਜਬਾਹਾ ਸਿਸਟਮ, ਸੁਖਚੈਨ ਰਾਜਬਾਹਾ ਸਿਸਟਮ, ਕੱਖਵਾਲੀ ਰਾਜਬਾਹਾ ਤੇ ਤਿਉਣਾ ਰਾਜਬਾਹਾ ਨਹਿਰਾ ਰੀਲਾਇਨਿੰਗ ਦੇ ਕੰਮ ਦੌਰਾਨ ਬੰਦ ਰਹਿਣਗੀਆਂ। ਉਨ੍ਹਾਂ ਦੱਸਿਆ ਕਿ ਉਦੇਕਰਨ ਮਾਈਨਰ, ਮੁਕਤਸਰ ਰਾਜਬਾਹਾ, ਰੁਪਾਣਾ ਰਾਜਬਾਹਾ, ਅਬੋਹਰ ਬਰਾਂਚ, ਵਿਚੋਂ ਨਿਕਲਣ ਵਾਲੀਆਂ ਸਾਰੀਆਂ ਨਹਿਰਾਂ ਅੰਦਰ ਪਾਣੀ ਦੀ ਸਪਲਾਈ ਨਿਰਵਿਘਨ ਜਾਰੀ ਰਹੇਗੀ। ਉਨ੍ਹਾਂ ਕਿਹਾ ਕਿ ਸਰਹੰਦ ਫੀਡਰ ਨਹਿਰ ਇਕ ਅਹਿਮ ਨਹਿਰ ਹੈ, ਇਸ ਨਹਿਰ ਰਾਹੀਂ ਪੰਜਾਬ ਰਾਜ ਤੋਂ ਇਲਾਵਾ ਰਾਜਸਥਾਨ ਰਾਜ ਨੂੰ ਪਾਣੀ ਦੀ ਸਪਲਾਈ ਦਿੱਤੀ ਜਾਂਦੀ ਹੈ। ਨਹਿਰ ਅੰਦਰ ਨਿਰਧਾਰਤ ਪਾਣੀ ਦੀ ਸਪਲਾਈ ਬਹਾਲ ਰੱਖਣ ਅਤੇ ਆਬਪਾਸੀ ਦੇ ਹਿੱਤਾਂ ਲਈ ਨਹਿਰ ਦੀ ਰੀਲਾਇਨਿੰਗ ਦਾ ਕੰਮ ਪਹਿਲ ਦੇ ਆਧਾਰ `ਤੇ ਕਰਨਾ ਲਾਜ਼ਮੀ ਹੈ ਸੋ ਇਸ ਲਈ ਨਹਿਰ ਬੰਦੀ ਕੀਤੀ ਜਾਣੀ ਜ਼ਰੂਰੀ ਹੈ।